# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :22-06-2026**

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਵਿਸ਼ੇਸ਼ ਤੀਬਰ ਸੋਧ -SIR-2026 ਮੁਹਿੰਮ ਦੇ ਤਹਿਤ ਵੋਟਰ ਸੂਚੀਆਂ ਨੂੰ ਅਧਿਕ ਸਟੀਕ, ਅਪਡੇਟਡ ਅਤੇ ਸਮਾਵੇਸ਼ੀ ਬਣਾਉਣ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਸਾਰੇ ਯੋਗ ਵੋਟਰਾਂ ਨੂੰ ਆਪਣੇ ਵੇਰਵਿਆਂ ਦੀ ਪੁਸ਼ਟੀ ਕਰਨ, ਜ਼ਰੂਰੀ ਸੋਧ ਅਤੇ ਅਪਡੇਸ਼ਨ ਸਮੇਂ 'ਤੇ ਕਰਵਾਉਣ ਅਤੇ ਬੂਥ ਲੈਵਲ ਅਫ਼ਸਰਾਂ (BLOs) ਨਾਲ ਪੂਰਾ ਸਹਿਯੋਗ ਕਰਨ ਦੀ ਅਪੀਲ ਕੀਤੀ , ਤਾਕਿ ਵੋਟਰ ਸੂਚੀਆਂ ਦੀ ਸ਼ੁੱਧਤਾ ਸੁਨਿਸ਼ਚਿਤ ਕੀਤੀ ਜਾ ਸਕੇ। ਸ੍ਰੀ ਕਟਾਰੀਆ ਨੇ ਕਿਹਾ ਕਿ ਇੱਕ ਸਟੀਕ ਅਤੇ ਅਪਡੇਟਡ ਵੋਟਰ ਸੂਚੀਆਂ ਮਜ਼ਬੂਤ ਲੋਕਤੰਤਰ ਦੀ ਬੁਨਿਆਦ ਨੇ । ਉਨ੍ਹਾਂ ਨੇ ਨਾਗਰਿਕਾਂ ਨੂੰ ਇਸ

ਮਹੱਤਵਪੂਰਨ ਲੋਕਤੰਤਰੀ ਪ੍ਰਕਿਰਿਆ ਨੂੰ ਮਜ਼ਬੂਤ ਬਣਾਉਣ ਹਿਤ ਇਸ ਮੁਹਿੰਮ ਵਿੱਚ ਸਰਗਰਮ ਭਾਗੀਦਾਰੀ ਦੀ ਅਪੀਲ ਕੀਤੀ।

------------------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਕੱਲ ਚੰਡੀਗੜ੍ਹ ਵਿਚ ਆਯੋਜਿਤ "ਫਿਊਜ਼ਨ ਫੈਸਟ 2026" ਦੇ ਤਹਿਤ ਵਿਸ਼ਵ ਸੰਗੀਤ ਦਿਵਸ 2026 ਦੇ ਸਮਾਰੋਹ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸੰਗੀਤ ਇੱਕ ਆਲਮੀ ਭਾਸ਼ਾ ਏ ਜੋ ਸਭ ਪ੍ਰਕਾਰ ਦੀਆਂ ਹੱਦਾਂ ਨੂੰ ਪਾਰ ਕਰਕੇ ਲੋਕਾਂ ਨੂੰ ਜੋੜਨ, ਓਹਨਾ ਦਾ ਆਤਮ-ਵਿਸ਼ਵਾਸ ਵਧਾਉਣ ਅਤੇ ਸਕਾਰਾਤਮਕ ਸਮਾਜਿਕ ਪਰਿਵਰਤਨ ਲਿਆਉਣ ਦੀ ਸਮਰੱਥਾ ਰੱਖਦੀ ਏ। ਇਸ ਆਯੋਜਨ ਵਿੱਚ ਸੰਗੀਤ, ਨ੍ਰਿਤ ਅਤੇ ਵਿਜ਼ੂਅਲ ਆਰਟਸ ਦੇ ਜ਼ਰੀਏ ਦਿੱਵਯਾਂਗ ਕਲਾਕਾਰਾਂ ਅਤੇ ਬੱਚਿਆਂ ਦੀ ਅਸਾਧਾਰਣ ਪ੍ਰਤਿਭਾ, ਰਚਨਾਤਮਕਤਾ ਅਤੇ ਦ੍ਰਿੜ੍ਹ ਸੰਕਲਪ ਨੂੰ ਪ੍ਰਦਰਸ਼ਿਤ ਕੀਤਾ ਗਿਆ। ਚੰਡੀਗੜ੍ਹ ਦੇ ਸੱਭਿਆਚਾਰਕ ਮਾਮਲਿਆਂ ਬਾਰੇ ਵਿਭਾਗ ਵਲੋਂ ਆਯੋਜਿਤ ਇਸ ਸਮਾਰੋਹ ਵਿਚ ਬਤੌਰ ਮੁੱਖ ਮਹਿਮਾਨ ਸ਼ਿਰਕਤ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਦਿੱਵਯਾਂਗ

ਕਲਾਕਾਰਾਂ ਦੀ ਪ੍ਰਤਿਭਾ, ਦ੍ਰਿੜ੍ਹ ਇੱਛਾਸ਼ਕਤੀ ਅਤੇ ਉਪਲਬਧੀਆਂ ਸਮਾਜ ਲਈ ਪ੍ਰੇਰਣਾ ਦਾ ਸਰੋਤ ਨੇ ਅਤੇ ਇਹ ਸਿੱਧ ਕਰਦੀਆਂ ਨੇ  ਕਿ ਪ੍ਰਤਿਭਾ ਕਿਸੇ ਵੀ ਸਰੀਰਕ ਹੱਦ ਦੀ ਮੁਹਤਾਜ ਨਹੀਂ ਹੁੰਦੀ। ਸ਼੍ਰੀ ਕਟਾਰੀਆ ਨੇ ਦਿੱਵਯਾਂਗ ਕਲਾਕਾਰਾਂ ਲਈ 5 ਲੱਖ ਰੁਪਏ ਦੇ ਨਕਦ ਪੁਰਸਕਾਰ ਦੇਣ ਦਾ ਐਲਾਨ ਕੀਤਾ। ਇਸ ਪ੍ਰਕਾਰ ਦੀ ਇਹ ਪਹਿਲੀ ਪਹਿਲ ਏ  ਜਿਸ ਦਾ ਉਦੇਸ਼ ਉਨ੍ਹਾਂ ਦੀਆਂ ਕਲਾਤਮਕ ਉਪਲਬਧੀਆਂ ਅਤੇ ਸਮਾਜ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਸਨਮਾਨਿਤ ਕਰਨਾ ਏ । ਇਸ ਪ੍ਰੋਗਰਾਮ ਨੂੰ "ਨਸ਼ਾ ਮੁਕਤ ਭਾਰਤ" ਦੇ ਸੰਕਲਪ ਨਾਲ ਜੋੜਦੇ ਹੋਏ ਪ੍ਰਸ਼ਾਸਕ ਨੇ ਕਿਹਾ ਕਿ ਸੱਭਿਆਚਾਰਕ ਅਤੇ ਰਚਨਾਤਮਕ ਗਤੀਵਿਧੀਆਂ ਨੌਜਵਾਨਾਂ ਨੂੰ ਸਕਾਰਾਤਮਕ ਬਦਲ ਪ੍ਰਦਾਨ ਕਰਦੀਆਂ ਨੇ ਅਤੇ ਉਨ੍ਹਾਂ ਦੀ ਊਰਜਾ ਨੂੰ ਰਾਸ਼ਟਰ ਨਿਰਮਾਣ ਅਤੇ ਸ਼ਖ਼ਸੀਅਤ ਵਿਕਾਸ ਦੀ ਦਿਸ਼ਾ ਵਿੱਚ ਪ੍ਰੇਰਿਤ ਕਰਦੀਆਂ ਹਨ। ਉਨ੍ਹਾਂ ਨੇ ਕਲਾਕਾਰਾਂ, ਸਿੱਖਿਅਕਾਂ, ਸੰਸਥਾਵਾਂ ਅਤੇ ਨਾਗਰਿਕਾਂ ਨੂੰ ਤੰਦਰੁਸਤ, ਸਮਾਵੇਸ਼ੀ ਅਤੇ ਨਸ਼ਾ-ਮੁਕਤ ਸਮਾਜ ਦੇ ਨਿਰਮਾਣ ਲਈ ਸਾਂਝਾ ਉਪਰਾਲਾ ਕਰਨ ਦਾ ਸੱਦਾ ਦਿੱਤਾ। ਇਸ ਸਮਾਗਮ ਵਿੱਚ ਦਿੱਵਯਾਂਗ ਬੱਚਿਆਂ ਅਤੇ ਕਲਾਕਾਰਾਂ ਪੇਸ਼ ਕਾਰੀਆਂ  ਦਿੱਤੀਆਂ

ਗਈਆਂ। ਪ੍ਰਮੁੱਖ ਆਕਰਸ਼ਣ "ਵੀ.ਆਰ.ਵੰਨ-WAO)"ਦੀ ਪੇਸ਼ਕਾਰੀ ਰਹੀ, ਜੋ ਭਾਰਤ ਦਾ ਪਹਿਲਾ ਪੇਸ਼ੇਵਰ ਵ੍ਹੀਲਚੇਅਰ ਡਾਂਸ ਸਮੂਹ ਏ । ਵਾਟਿਕਾ ਸਪੈਸ਼ਲ ਸਕੂਲ ਫੌਰ ਹੀਅ-ਰਿੰਗ-ਇੰਪੇਅਰਡ ਚਿਲਡਰਨ' ਦੇ ਵਿਦਿਆਰਥੀਆਂ ਨੇ ਭੰਗੜੇ ਨਾਲ ਆਪਣੀ ਪ੍ਰਤਿਭਾ ਅਤੇ ਉਤਸ਼ਾਹ ਦਾ ਪ੍ਰਦਰਸ਼ਨ ਕੀਤਾ। ਚੰਡੀਗੜ੍ਹ ਲਲਿਤ ਕਲਾ ਅਕਾਦਮੀ ਵਲੋਂ ਦਿੱਵਯਾਂਗ ਬੱਚਿਆਂ ਦੀਆਂ ਕਲਾਕ੍ਰਿਤੀਆਂ ਦੀ ਪ੍ਰਦਰਸ਼ਨੀ ਵੀ ਲਾਈ ਗਈ, ਜਿਸ ਨੇ ਨੌਜਵਾਨ ਕਲਾਕਾਰਾਂ ਨੂੰ ਆਪਣੀ ਰਚਨਾਤਮਕਤਾ ਅਤੇ ਕਲਪਨਾਸ਼ੀਲਤਾ ਪ੍ਰਦਰਸ਼ਿਤ ਕਰਨ ਦਾ ਮੰਚ ਪ੍ਰਦਾਨ ਕੀਤਾ। ਪ੍ਰੋਗਰਾਮ ਵਿੱਚ ਸੱਭਿਆਚਾਰਕ ਮਾਮਲਿਆਂ ਦੇ ਸਕੱਤਰ ਡਾ. ਸਈਦ ਆਬਿਦ ਰਸ਼ੀਦ ਸ਼ਾਹ ਵੀ ਮੌਜੂਦ ਰਹੇ।

-----------------------------------------------------------------------

BJP ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ ਨੇ ਅੱਜ ਪ੍ਰਸਿੱਧ ਖੇਤੀਬਾੜੀ ਅਰਥ-ਸ਼ਾਸਤਰੀ ਸਰਦਾਰਾ ਸਿੰਘ ਜੋਹਲ ਨਾਲ ਲੁਧਿਆਣਾ ਸਥਿਤ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਮੁਲਾਕਾਤ ਕੀਤੀ । ਇਸ ਮੌਕੇ ਪੰਜਾਬ BJP ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਹੋਰ ਸੀਨੀਅਰ BJP ਆਗੂ ਵੀ ਮੌਜੂਦ

ਰਹੇ। ਉਨ੍ਹਾਂ ਨੇ ਸ੍ਰੀ ਜੋਹਲ ਨੂੰ ਕੇਂਦਰ ਦੀ ਨਰੇਂਦਰ ਮੋਦੀ ਸਰਕਾਰ ਦੇ 12 ਸਾਲਾਂ ਦੇ ਕਾਰਜਕਾਲ ਸਬੰਧੀ ਪੁਸਤਕ ਵੀ ਭੇਟ ਕੀਤੀ। ਮੁਲਾਕਾਤ ਤੋਂ ਬਾਅਦ ਸ੍ਰੀ ਨਵੀਨ ਨੇ ਕਿਹਾ।

BYTE

-----------------------------------------------------------------------------

ਸਰੋਤਿਆਂ ਨੂੰ ਸੂਚਿਤ ਕੀਤਾ ਜਾਂਦਾ ਏ ਕਿ, ਆਕਾਸ਼ਵਾਣੀ ਦਾ ਪਿਛਲੇ ਕੁਝ ਦਿਨਾਂ ਤੋਂ ਸ਼ਾਮੀਂ 7 ਵਜੇ ਤੋਂ 7 ਵੱਜ ਕੇ 10 ਮਿੰਟ ਤੱਕ ਪ੍ਰਸਾਰਿਤ ਕੀਤਾ ਜਾ ਰਿਹਾ ਖਬਰਾਂ ਦਾ ਰਾਸ਼ਟਰੀ ਬੁਲੇਟਿਨ ਅੱਜ ਤੋਂ ਪਹਿਲਾ ਵਾਂਗ ਸ਼ਾਮੀਂ ਸਾਢੇ 7 ਵਜੇ ਤੋਂ 7 ਵੱਜ ਕੇ 40 ਮਿੰਟ ਤੱਕ ਪ੍ਰਸਾਰਿਤ ਕੀਤਾ ਜਾਵੇਗਾ।

-----------------------------------------------------------------------------

ਗੁਰਦਾਸਪੁਰ ਦੇ ਸਠਿਆਲੀ ਹੈੱਡ ਵਰਕਸ ਤੋਂ ਕੁਝ ਹੀ ਦੂਰੀ 'ਤੇ 'ਅੱਪਰ ਬਾਰੀ ਦੁਆਬ' ਨਹਿਰ ਵਿੱਚ ਪਏ ਕਰੀਬ 40 ਫੁੱਟ ਦੇ ਵੱਡੇ ਪਾੜ ਕਾਰਨ ਨੇੜਲੇ ਰਿਹਾਇਸ਼ੀ ਇਲਾਕਿਆਂ, ਘਰਾਂ ਅਤੇ ਸੈਂਕੜੇ ਏਕੜ ਖੇਤਾਂ ਵਿੱਚ ਹੜ੍ਹ ਵਰਗੇ ਹਾਲਾਤ ਬਣ ਗਏ ਹਨ, ਜਿਸ ਨਾਲ ਲੋਕਾਂ ਦਾ ਭਾਰੀ ਮਾਲੀ

ਨੁਕਸਾਨ ਹੋਇਆ ਏ। ਸਾਡੇ ਪੱਤਰਕਾਰ ਨੇ ਲੋਕਾਂ ਨਾਲ ਕੀਤੀ ਗੱਲਬਾਤ ਦੇ ਹਵਾਲੇ ਨਾਲ ਦਸਿਆ ਕਿ ਦੱਸਿਆ ਕਿ ਰਾਤ ਕਰੀਬ 3 ਵਜੇ ਅਚਾਨਕ ਉਨ੍ਹਾਂ ਦੇ ਘਰਾਂ ਵਿੱਚ ਤੇਜ਼ੀ ਨਾਲ ਪਾਣੀ ਦਾਖਲ ਹੋਣ ਲੱਗਾ। ਨਹਿਰ ਦਾ ਤੇਜ਼ ਪਾਣੀ ਸ੍ਰੀ ਹਰਗੋਬਿੰਦਪੁਰ-ਗੁਰਦਾਸਪੁਰ ਮੁੱਖ ਮਾਰਗ ਨੂੰ ਪਾਰ ਕਰਦਾ ਹੋਇਆ ਸਿੱਧਾ ਲੋਕਾਂ ਦੇ ਘਰਾਂ ਅਤੇ ਖੇਤਾਂ ਵਿੱਚ ਜਾ ਵੜਿਆ। ਕਈ-ਕਈ ਫੁੱਟ ਪਾਣੀ ਭਰਨ ਕਾਰਨ ਕਣਕ, ਘਰੇਲੂ ਸਾਮਾਨ ਅਤੇ ਹੋਰ ਕੀਮਤੀ ਵਸਤਾਂ ਨੂੰ ਨੁਕਸਾਨ ਪਹੁੰਚਿਆ ਏ। ਲੋਕਾਂ ਨੇ ਸਰਕਾਰ ਤੋਂ ਮਦਦ ਦੀ ਮੰਗ ਕੀਤੀ ਏ। ਓਧਰ ਨਹਿਰੀ ਵਿਭਾਗ ਦੇ SDO ਜਸਬੀਰ ਸਿੰਘ ਨੇ ਦੱਸਿਆ ਕਿ ਸਥਿਤੀ ਨੂੰ ਕਾਬੂ ਹੇਠ ਕਰਨ ਲਈ ਪਾਣੀ ਦੇ ਵਹਾਅ ਨੂੰ ਦੂਜੀ ਨਹਿਰ ਵੱਲ ਮੋੜਿਆ ਗਿਆ ਏ। ਇਸ ਦੇ ਨਾਲ ਹੀ ਪੋਕਲੇਨ ਅਤੇ ਜੇ.ਸੀ.ਬੀ. ਮਸ਼ੀਨਾਂ ਦੀ ਮਦਦ ਨਾਲ ਨਹਿਰ ਦੇ 40 ਫੁੱਟ ਦੇ ਪਾੜ ਨੂੰ ਪੂਰਨ ਦੇ ਯਤਨ ਜੰਗੀ ਪੱਧਰ 'ਤੇ ਜਾਰੀ ਨੇ ।

---

ਪੰਜਾਬ ਵਿਜੀਲੈਂਸ ਬਿਊਰੋ ਨੇ ਜ਼ਿਲ੍ਹਾ ਜਲੰਧਰ ਦੇ ਪੁਲਿਸ ਸਟੇਸ਼ਨ ਫਿਲੌਰ ਵਿਖੇ ਤਾਇਨਾਤ ਸਬ-ਇੰਸਪੈਕਟਰ ਅਮਨਦੀਪ ਕੌਰ ਨੂੰ 20

ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤਾ ਏ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਨੂੰ ਮੁਹੱਲਾ ਚੌਧਰੀਆਂ ਵਾਸੀ ਵਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਏ | ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਇਲਜ਼ਾਮ ਲਗਾਇਆ ਏ ਕਿ ਉਸਦੇ ਪੁੱਤਰ ਨੂੰ ਨਸ਼ੀਲੇ ਪਦਾਰਥਾਂ ਦੇ ਇੱਕ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਮੁਲਜ਼ਮ ਐਸ.ਆਈ. ਨੇ ਜ਼ਮਾਨਤ ਦਿਵਾਉਣ ਵਿੱਚ ਮਦਦ ਕਰਨ ਲਈ ਘੱਟ ਮਾਤਰਾ ਵਿੱਚ ਨਸ਼ੀਲੇ ਪਦਾਰਥਾਂ ਨਾਲ ਮਾਮਲਾ ਦਰਜ ਕਰਨ ਅਤੇ ਉਸਦਾ ਮੋਬਾਈਲ ਫੋਨ ਵਾਪਸ ਕਰਨ ਲਈ 20, ਹਜ਼ਾਰ ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ। ਮਜਬੂਰੀ ਵਿੱਚ, ਉਸਨੇ 1000 ਰੁਪਏ ਬਤੌਰ ਰਿਸ਼ਵਤ ਪਹਿਲਾਂ ਹੀ ਅਦਾ ਕਰ ਦਿੱਤੇ ਸਨ। ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਮੰਗ ਸੰਬੰਧੀ ਪੂਰੀ ਗੱਲਬਾਤ ਵੀ ਰਿਕਾਰਡ ਕਰ ਲਈ ਸੀ। ਇਸ ਸਬੰਧ ਵਿੱਚ, ਮੁਲਜ਼ਮ ਖਿਲਾਫ ਵਿਜੀਲੈਂਸ ਬਿਊਰੋ ਪੁਲਿਸ ਸਟੇਸ਼ਨ ਜਲੰਧਰ ਵਿਖੇ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਜਾਰੀ ਏ।

--------------------------------------------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿਚ ਕੁਝ ਥਾਵਾਂ ਤੇ ਅੱਜ ਤੋਂ 24 ਜੂਨ ਤੱਕ ਗਰਜ -ਚਮਕ ਨਾਲ ਤੇਜ਼ ਹਵਾਵਾਂ ਚੱਲਣ ਅਤੇ ਹਲਕੀ ਬਾਰਿਸ਼ ਹੋਣ ਬਾਰੇ YELLOW ਅਲਰਟ ਜਾਰੀ ਕੀਤਾ ਏ ।

ਇਸ ਦੌਰਾਨ ਬੀਤੇ 24 ਘੰਟਿਆਂ ਵਿਚ ਪੰਜਾਬ ਅਤੇ ਹਰਿਆਣਾ ਵਿੱਚ ਵੱਧ ਤੋਂ ਵੱਧ ਤਾਪਮਾਨ 36 ਡਿਗਰੀ ਤੋਂ 42 ਡਿਗਰੀ ਸੈਲਸੀਅਸ ਵਿਚਕਾਰ ਰਿਹਾ । ਪੰਜਾਬ ਦੇ ਬਠਿੰਡਾ ਵਿੱਚ ਇਹ 42.5 ਡਿਗਰੀ ਸੈਲਸੀਅਸ ਅਤੇ ਹਰਿਆਣਾ ਦੇ ਰੋਹਤਕ ਵਿੱਚ 42.1 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ । ਚੰਡੀਗੜ੍ਹ ਵਿੱਚ ਵੱਧ ਤੋਂ ਵੱਧ ਤਾਪਮਾਨ 39.8 ਡਿਗਰੀ ਸੈਲਸੀਅਸ ਦਰਜ ਹੋਇਆ । ਜਦਕਿ ਬੀਤੀ ਰਾਤ ਕਈ ਥਾਵਾਂ 'ਤੇ ਆਈ ਹਨੇਰੀ ਅਤੇ ਹਲਕੀ ਬਾਰਿਸ਼ ਤੋਂ ਬਾਅਦ ਅੱਜ ਸਵੇਰੇ ਦਰਜ ਕੀਤੇ ਗਏ ਘੱਟੋ-ਘੱਟ ਤਾਪਮਾਨ ਅਨੁਸਾਰ ਪਠਾਨਕੋਟ ਦੇ ਥੀਨ ਡੈਮ ਖੇਤਰ ਵਿੱਚ 23.2 ਡਿਗਰੀ ਸੈਲਸੀਅਸ , ਹਰਿਆਣਾ ਦੇ ਭਿਵਾਨੀ ਵਿੱਚ 21.5 ਡਿਗਰੀ ਸੈਲਸੀਅਸ ਅਤੇ ਚੰਡੀਗੜ੍ਹ ਵਿਚ ਘਟ ਤੋਂ ਘਟ ਤਾਪਮਾਨ 22 .4 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ।

ਓਧਰ ਫਾਜ਼ਿਲ ਦੇ ਅਬੋਹਰ 'ਚ ਬੀਤੀ ਰਾਤ ਆਈ ਹਨੇਰੀ ਦੌਰਾਨ ਦਰੱਖਤ ਡਿੱਗਣ ਕਰਕੇ ਇਕ ਵਿਅਕਤੀ ਦੇ ਮੌਤ ਹੋ ਗਈ।

---------------------------------------------------------------------------